28-Oct-FZR-ABH-Pages.qxd 10/28/2025 9:42 PM Page 1

ਹੈਰੋਇਨ ਸਪਲਾਈ ਕਰਨ ਜਾਂਦੇ ਦੋ ਵਿਅਕਤੀ ਚੜ੍ਹੇ ਪੁਲਿਸ ਅੜਿੱਕੇ

ਫ਼ਿਰੋਜ਼ਪੁਰ, 28 ਅਕਤੂਬਰ (ਗੁਰਿੰਦਰ ਸਿੰਘ)-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਫ਼ਿਰੋਜ਼ਪੁਰ ਪੁਲਿਸ ਨੇ ਮੁਖ਼ਬਰ ਖ਼ਾਸ ਦੀ

ਸਰਹੱਦ ਪਾਰ ਤੋਂ ਮੰਗਵਾਈ ਦੋ ਕਿੱਲੋ ਤੋਂ ਵੱਧ ਹੈਰੋਇਨ ਅਤੇ ਪਿਸਤੌਲ ਬਰਾਮਦ

ਇਤਲਾਹ 'ਤੇ ਹੈਰੋਇਨ ਸਪਲਾਈ ਕਰਨ ਜਾਂਦੇ ਦੋ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਸਰਹੱਦ ਪਾਰ ਤੋਂ ਮੰਗਵਾਈ ਦੋ ਕਿੱਲੋ ਤੋਂ ਵੱਧ ਹੈਰੋਇਨ, ਇਕ ਗਲੋਕ ਪਿਸਤੌਲ, ਤਿੰਨ ਮੋਬਾਈਲ ਅਤੇ ਮੋਟਰਸਾਈਕਲ ਬਰਾਮਦ ਕੀਤਾ ਹੈ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਿਸ ਮੁਖੀ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸੀ.ਆਈ.ਏ ਸਟਾਫ਼ ਫ਼ਿਰੋਜ਼ਪੁਰ ਦੇ ਇੰਚਾਰਜ ਇੰਸਪੈਕਟਰ ਮੋਹਿਤ ਧਵਨ ਦੀ ਅਗਵਾਈ ਵਿਚ ਐੱਸ.ਆਈ ਸੁਖਬੀਰ ਸਿੰਘ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਦੌਰਾਨ ਜਦ ਪਿੰਡ ਕਮਾਲੇ ਵਾਲਾ ਪੁੱਜੇ ਤਾਂ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਜਸਵਿੰਦਰ ਸਿੰਘ ਉਰਫ਼ ਛਿੰਦਾ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਕਿਲਚੇ ਥਾਣਾ ਸਦਰ ਫ਼ਿਰੋਜ਼ਪੁਰ ਅਤੇ ਅਰਸ਼ਦੀਪ ਸਿੰਘ ਉਰਫ਼ ਦੀਪ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਜਲਾਲ ਵਾਲਾ ਹਾਲ ਪਿੰਡ ਹਬੀਬ ਵਾਲਾ ਥਾਣਾ ਸਦਰ ਫ਼ਿਰੋਜ਼ਪੁਰ ਮੋਟਰਸਾਈਕਲ ਨੰਬਰੀ ਪੀ ਬੀ 05 ਐੱਨ 2757 'ਤੇ ਸਵਾਰ ਹੋ ਕੇ ਫ਼ਿਰੋਜ਼ਪੁਰ ਸ਼ਹਿਰ ਵੱਲ ਨੂੰ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਮਿਲੀ ਸੂਚਨਾ 'ਤੇ ਪੁਲਿਸ ਪਾਰਟੀ ਵਲੋਂ ਪਿੰਡ ਕਮਾਲੇ ਵਾਲਾ ਵਿਖੇ ਕੀਤੀ ਨਾਕਾਬੰਦੀ ਦੌਰਾਨ ਉਕਤ ਦੋਸ਼ੀਆਂ ਨੂੰ ਕਾਬੂ ਕਰਕੇ ਕੀਤੀ ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ 2 ਕਿੱਲੋ 86 ਗਰਾਮ ਹੈਰੋਇਨ, ਇਕ ਗੋਲਕ ਪਿਸਟਲ, ਤਿੰਨ ਮੋਬਾਈਲ ਅਤੇ ਇਕ ਮੋਟਰਸਾਈਕਲ ਬਰਾਮਦ ਹੋਇਆ, ਜਿਸ ਸਬੰਧੀ ਥਾਣਾ ਸਦਰ ਫ਼ਿਰੋਜ਼ਪੁਰ ਵਿਖੇ ਉਕਤ ਜਸਵਿੰਦਰ ਸਿੰਘ ਉਰਫ਼ ਛਿੰਦਾ ਅਤੇ ਅਰਸ਼ਦੀਪ ਸਿੰਘ ਉਰਫ਼ ਦੀਪ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅਰਸ਼ਦੀਪ ਸਿੰਘ ਖ਼ਿਲਾਫ਼ ਇਸ ਤੋਂ ਪਹਿਲਾਂ ਵੀ ਐੱਨ.ਡੀ.ਪੀ.ਐੱਸ ਐਕਟ ਤਹਿਤ ਮੁਕੱਦਮਾ ਦਰਜ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਦੇ ਅਗਲੇ ਪਿਛਲੇ ਸੰਪਰਕਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਖ਼ੁਲਾਸੇ ਅਤੇ ਬਰਾਮਦਗੀ ਹੋਣ ਦੀ ਸੰਭਾਵਨਾ ਹੈ।

ਜਾਣਕਾਰੀ ਦਿੰਦੇ ਜ਼ਿਲ੍ਹਾ ਪੁਲਿਸ ਮੁਖੀ ਭੁਪਿੰਦਰ ਸਿੰਘ ਸਿੱਧੂ ਅਤੇ ਫੜੇ ਦੋਸ਼ੀ ਸੀ.ਆਈ.ਏ ਸਟਾਫ਼ ਫ਼ਿਰੋਜ਼ਪੁਰ ਦੇ ਇੰਚਾਰਜ ਇੰਸਪੈਕਟਰ ਮੋਹਿਤ ਧਵਨ ਅਤੇ ਪੁਲਿਸ ਪਾਰਟੀ ਨਾਲ। ਅਜੀਤ ਤਸਵੀਰ

ਨਸ਼ਾ ਮੁਕਤੀ ਮੁਹਿੰਮ ਸਬੰਧੀ ਕੋਆਰਡੀਨੇਟਰਾਂ ਨੂੰ ਸੰਬੋਧਨ ਕਰਦੇ ਮਾਲਵਾ ਜ਼ੋਨ ਇੰਚਾਰਜ ਚਸਪਿੰਦਰ ਸਿੰਘ ਚਹਿਲ ਨਾਲ ਏ.ਡੀ.ਸੀ ਵਿਕਾਸ, ਸਹਾਇਕ ਕਮਿਸ਼ਨਰ ਜਨਰਲ ਅਤੇ ਹੋਰ। ਅਜੀਤ ਤਸਵੀਰ

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮਾਲਵਾ ਜ਼ੋਨ ਇੰਚਾਰਜ ਵਲੋਂ ਜ਼ਿਲ੍ਹਾ ਅਧਿਕਾਰੀਆਂ ਅਤੇ ਕੋਆਰਡੀਨੇਟਰਾਂ ਨਾਲ ਮੀਟਿੰਗ

ਫ਼ਿਰੋਜ਼ਪੁਰ, 28 ਅਕਤੂਬਰ (ਗੁਰਿੰਦਰ ਸਿੰਘ)-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮਾਲਵਾ ਜ਼ੋਨ ਇੰਚਾਰਜ ਚਸਪਿੰਦਰ ਸਿੰਘ ਚਹਿਲ ਨੇ ਅੱਜ ਡੀ.ਸੀ ਦਫ਼ਤਰ ਵਿਖੇ ਜ਼ਿਲ੍ਹੇ ਦੇ ਵੱਖ-ਵੱਖ ਅਧਿਕਾਰੀਆਂ ਅਤੇ ਨਸ਼ਾ ਮੁਕਤੀ ਮੋਰਚਾ ਨਾਲ ਸਬੰਧਿਤ ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨਿਧੀ ਕੁਮਦ ਬੰਬਾਹ ਅਤੇ ਸਹਾਇਕ ਕਮਿਸ਼ਨਰ ਗੁਰਦੇਵ ਸਿੰਘ ਧੰਮ, ਜ਼ਿਲ੍ਹਾ ਕੋਆਰਡੀਨੇਟਰ ਹਰਜਿੰਦਰ ਸਿੰਘ (ਕਾਕਾ ਸਰਾਂ) ਅਤੇ ਵਾਈਸ ਜ਼ਿਲ੍ਹਾ ਕੋਆਰਡੀਨੇਟਰ ਗੁਰਨਾਮ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਚਸਪਿੰਦਰ ਸਿੰਘ ਚਹਿਲ ਨੇ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਇਕੋ ਇਕ ਮਕਸਦ ਹੈ ਕਿ ਪੰਜਾਬ ਵਿਚੋਂ ਨਸ਼ਾ ਪੂਰੀ ਤਰ੍ਹਾਂ ਨਾਲ ਖ਼ਤਮ ਕੀਤਾ ਜਾਵੇ। ਇਸ ਕੰਮ ਲਈ ਉਨ੍ਹਾਂ ਵਲੋਂ ਪੂਰਾ ਜ਼ੋਰ ਲਗਾ ਕੇ ਕੰਮ ਕੀਤਾ ਜਾ ਰਿਹਾ ਹੈ ਅਤੇ ਸਾਨੂੰ ਸਾਰਿਆਂ ਨੂੰ ਇਕ ਵੱਡੀ ਜ਼ਿੰਮੇਵਾਰੀ ਦਿੱਤੀ ਹੈ ਕਿ ਅਸੀਂ ਆਪਣੇ ਏਰੀਏ, ਆਪਣੇ ਆਲ਼ੇ ਦੁਆਲ਼ੇ, ਆਪਣੇ ਪਿੰਡਾਂ ਵਿਚ ਕਿਸੇ ਤਰ੍ਹਾਂ ਦਾ ਨਸ਼ਾ ਨਾ ਵਿਕਣ ਦਈਏ ਅਤੇ ਜੇਕਰ ਕੋਈ ਨਸ਼ੇ ਵੇਚਣ ਦਾ ਕੰਮ ਕਰਦਾ ਹੈ ਤਾਂ ਇਸ ਬਾਰੇ ਸਬੰਧਿਤ ਪੁਲਿਸ ਥਾਣਿਆਂ ਜਾਂ ਪੁਲਿਸ ਮੁਖੀਆਂ ਨੂੰ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਕੋਈ ਵੀ ਨਸ਼ਾ ਵੇਚਣ ਵਾਲਾ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ। ਇਸ ਕੰਮ ਲਈ ਸਾਨੂੰ ਸਾਰਿਆਂ ਨੂੰ ਪਾਰਟੀ ਵਲੋਂ ਜ਼ਿੰਮੇਵਾਰੀ ਦਿੱਤੀ ਗਈ ਹੈ ਅਤੇ ਇਸ ਜ਼ਿੰਮੇਵਾਰੀ ਨੂੰ ਅਸੀਂ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਵਾਂਗੇ। ਇਸ ਮੌਕੇ ਫ਼ਿਰੋਜ਼ਪੁਰ ਸ਼ਹਿਰੀ ਦੇ ਹਲਕਾ ਕੋਆਰਡੀਨੇਟਰ ਡਾ. ਅਮਨਦੀਪ ਕੌਰ ਗੋਸਲ, ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਕੁਆਰਡੀਨੇਟਰ ਹਰਮਨ ਸਿੱਧੂ ਤੋਂ ਇਲਾਵਾ ਹੋਰਨਾਂ ਹਲਕਿਆਂ ਦੇ ਕੋਆਰਡੀਨੇਟਰ ਅਤੇ ਉਨ੍ਹਾਂ ਦੇ ਸਾਥੀ ਮੈਂਬਰ ਅਤੇ ਪੁਲਿਸ ਅਧਿਕਾਰੀ ਹਾਜ਼ਰ ਸਨ।

ਬਲਾਕ ਘੱਲ ਖ਼ੁਰਦ ਅਧੀਨ ਚੱਲ ਰਹੇ ਨਰੇਗਾ 'ਚ ਧਾਂਦਲੀਆਂ ਦਾ ਖ਼ਦਸ਼ਾ

ਕੁੱਲਗੜ੍ਹੀ, 28 ਅਕਤੂਬਰ (ਸੁਖਜਿੰਦਰ ਸਿੰਘ ਸੰਧੂ)-ਸਰਕਾਰ ਵਲੋਂ ਗ਼ਰੀਬ ਅਤੇ ਆਮ ਵਰਗ ਦੇ ਲੋਕਾਂ ਲਈ ਰੁਜ਼ਗਾਰ ਦਾ ਪ੍ਰਬੰਧ ਕਰਨ ਲਈ ਚਲਾਈ ਮਨਰੇਗਾ ਸਕੀਮ ਤਹਿਤ ਇਕ ਪਰਿਵਾਰ ਨੂੰ ਸਾਲ ਵਿਚ 100 ਦਿਨ ਦਾ ਰੁਜ਼ਗਾਰ ਦੇਣਾ ਤਹਿ ਕੀਤਾ ਗਿਆ ਹੈ,

ਨਿਰਪੱਖ ਜਾਂਚ ਹੋਵੇ ਤਾਂ ਹੋ ਸਕਦੇ ਆ ਵੱਡੇ ਖ਼ੁਲਾਸੇ

ਪਰ ਬਹੁਤਾਤ ਲਾਭਪਾਤਰੀ ਕੰਮ ਲੈਣ ਨੂੰ ਤਰਸਦੇ ਨਜ਼ਰ ਆਉਂਦੇ ਹਨ ਕਿਉਂਕਿ ਗਰਾਮ ਰੋਜ਼ਗਾਰ ਸੇਵਕਾਂ ਨਾਲ ਨੇੜਤਾ ਰੱਖਣ ਵਾਲੇ ਬਹੁਤੇ ਆਪੇ ਬਣੇ ਆਗੂ ਅਤੇ ਮੇਟ ਆਪਣਿਆਂ ਨੂੰ ਹੀ ਕੰਮ ਦਵਾ ਰਹੇ ਹਨ ਅਤੇ ਬੋਗਸ ਹਾਜ਼ਰੀਆਂ ਨਾਲ ਸਰਕਾਰ ਨੂੰ ਚੂਨਾ ਲਗਾ ਰਹੇ ਹਨ। ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬਲਾਕ ਘੱਲ ਖ਼ੁਰਦ ਅਧੀਨ ਚੱਲ ਰਹੇ ਨਰੇਗਾ ਦੇ ਕੰਮਾਂ ਚ ਸਮੇਂ ਸਮੇਂ 'ਤੇ ਧਾਂਦਲੀਆਂ ਦੇ ਚਰਚੇ ਚੱਲਦੇ ਰਹੇ ਹਨ ਇਹਨਾਂ ਧਾਂਦਲੀਆਂ ਤੋਂ ਪੀੜਤ ਲੋਕਾਂ ਜਾਂ ਇਨਸਾਫ਼ ਪਸੰਦ ਲੋਕਾਂ ਵਲੋਂ ਇਹਨਾਂ ਧਾਂਦਲੀਆਂ ਦੀ ਆਵਾਜ਼ ਉਠਾਉਣ ਅਤੇ ਜਾਂਚ ਚੱਲਣ ਦੀਆਂ ਚਰਚਾਵਾਂ ਚੱਲਦੀਆਂ ਹਨ। ਜਿਸ ਨਾਲ ਦਿਨ ਬਲਾਕ ਕੰਮ ਕਾਰ 'ਚ ਸੁਧਾਰ ਵੇਖਣ ਨੂੰ ਮਿਲਦਾ, ਪਰ ਥੋੜ੍ਹੇ ਸਮੇਂ ਬਾਅਦ ਇਹ ਜਾਂਚ ਠੰਢੇ ਬਸਤੇ ਪਾ ਦਿੱਤੀ ਜਾਂਦੀ ਹੈ। ਕਿਉਂਕਿ ਨਰੇਗਾ ਕੰਮ ਦੀ ਮੁੱਢਲੀ ਕੜੀ ਗਰਾਮ ਰੋਜ਼ਗਾਰ ਸੇਵਕ ਆਪਣੇ ਅਤੇ ਮੇਟ ਆਪਣੇ ਸਿਆਸੀ ਰਸੂਖ਼ ਅਤੇ ਸੀਨੀਅਰ ਮੁਲਾਜ਼ਮਾਂ ਅਤੇ ਅਧਿਕਾਰੀਆਂ ਦੀ ਮਿਹਰ ਸਦਕਾ ਆਪਣੇ ਕੰਮ ਨਿਰੰਤਰ ਜਾਰੀ ਰੱਖਦੇ ਹਨ ਆਮ ਤਨਖ਼ਾਹਾਂ ਤੇ ਕੰਮ ਕਰਨ ਵਾਲੇ ਕਈ ਗਰਾਮ ਰੋਜ਼ਗਾਰ ਸੇਵਕ ਸ਼ਾਹੀ ਅੰਦਾਜ਼ 'ਚ ਆਪਣੀਆਂ ਨੌਕਰੀਆਂ ਕਰ ਰਹੇ ਸ਼ਰੀਫ਼ ਅਤੇ ਭਲੇਮਾਣਸ ਸਰਪੰਚ ਵੀ ਉਹਨਾਂ ਅੱਗੇ ਜੀ-ਜੀ ਕਰਦੇ ਨਜ਼ਰ ਆਉਂਦੇ ਹਨ। ਨਰੇਗਾ ਦੇ ਕੰਮਾਂ 'ਚ ਹੁੰਦੀਆਂ ਧਾਂਦਲੀਆਂ ਦੀ ਵੱਡੀ ਉਦਾਹਰਨ ਪਿੰਡ ਸੋਢੀ ਨਗਰ ਵਿਖੇ ਚੱਲ ਰਹੇ ਕੰਮ ਤੋਂ ਮਿਲਦੀ ਹੈ। ਜਿੱਥੇ ਰੁੱਖ ਲਗਾਉਣ ਲਈ ਬਣਾਏ ਗਏ ਪ੍ਰੋਜੈਕਟ ਵਿਚ ਪਿੰਡ ਸੋਢੀ ਨਗਰ ਦੇ ਲਾਭਪਾਤਰੀਆਂ ਨੂੰ ਲਾਂਭੇ ਕਰਕੇ ਵੱਖ-ਵੱਖ ਪਿੰਡਾਂ ਦੇ ਜਾਬ ਕਾਰਡ ਧਾਰਕਾਂ ਨੂੰ ਕੰਮ ਦਿੱਤਾ ਗਿਆ ਹੈ। ਜਦੋਂ ਕਿ ਪਿੰਡ ਵਿਚ ਵੱਡੀ ਪੱਧਰ 'ਤੇ ਲੋੜਵੰਦ ਦੇ ਕਾਰਡ ਬਣੇ ਹੋਏ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਪਿੰਡ 'ਚ ਕੰਮ 15 ਦਿਨ ਦਾ ਦਿੱਤਾ ਹੋਇਆ ਹੈ। ਜਿਸ ਵਿਚ ਹਰ ਦਿਨ ਨਵੇਂ ਬੰਦਿਆਂ ਦੀਆਂ ਬੋਗਸ ਫੋਟੋ ਖਿੱਚੀਆਂ ਹੋਈਆਂ ਹਨ ਜੋ ਕਿ ਸਰਕਾਰੀ ਪੈਸੇ ਦੀ ਦੁਰਵਰਤੋਂ ਹੋਣਾ ਦਰਸਾਉਂਦਾ ਹੈ। ਜੇਕਰ ਸੀਨੀਅਰ ਅਧਿਕਾਰੀ ਬਲਾਕ ਘੱਲ ਖ਼ੁਰਦ ਦੇ ਕੰਮਾਂ ਦੀ ਨਿਰਪੱਖ ਜਾਂਚ ਕਰਵਾਏ ਤਾਂ ਵੱਡੇ ਖ਼ੁਲਾਸੇ ਹੋਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਇੱਥੇ ਦੱਸਣਾ ਬਣਦਾ ਹੈ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਲਕਾ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਯਾ ਵਲੋਂ ਵੀ ਆਪਣੇ ਹਲਕੇ ਸਾਰੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਭ੍ਰਿਸ਼ਟਾਚਾਰ ਤਹਿਤ ਸੇਵਾਵਾਂ ਦੇਣ ਲਈ ਪੂਰੀ ਵਾਹ ਲਗਾਈ ਜਾ ਰਹੀ ਹੈ। ਜਿਸ ਮਨੋਰਥ ਲਈ ਉਹ ਸਮੇਂ 'ਤੇ ਦਫ਼ਤਰਾਂ ਦਾ ਅਚਨਚੇਤ ਨਿਰੀਖਣ ਕਰਦੇ ਰਹਿੰਦੇ ਹਨ।



ਬਲਾਕ ਘੱਲ ਖ਼ੁਰਦ ਦੇ ਪਿੰਡ ਸੋਢੀ ਨਗਰ 'ਚ ਚੱਲਦੇ ਨਰੇਗਾ ਦੇ ਕੰਮ 'ਚ ਬੰਦੇ ਬਦਲ ਬਦਲ ਕੇ ਲਗਾਈ ਗਈ ਹਾਜ਼ਰੀ ਦੀਆਂ ਤਸਵੀਰਾਂ। ਅਜੀਤ ਤਸਵੀਰ

7 ਗਰਾਮ ਹੈਰੋਇਨ ਸਮੇਤ 1 ਗ੍ਰਿਫ਼ਤਾਰ

ਜ਼ੀਰਾ, 28 ਅਕਤੂਬਰ (ਰਜਨੀਸ਼ ਕਥੂਰੀਆ)-ਥਾਣਾ ਸਦਰ ਜ਼ੀਰਾ ਦੀ ਪੁਲਿਸ ਨੇ ਇਕ ਵਿਅਕਤੀ ਨੂੰ 7 ਗਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਉਸ ਦੇ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਹੈ। ਥਾਣਾ ਸਦਰ ਜ਼ੀਰਾ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਏ.ਐੱਸ.ਆਈ. ਸ਼ਮਸ਼ੇਰ ਸਿੰਘ ਸਾਥੀ ਕਰਮਚਾਰੀਆਂ ਸਮੇਤ ਸ਼ੱਕੀ ਪੁਰਸ਼ਾਂ ਦੀ ਤਲਾਸ਼ ਵਿਚ ਗਸ਼ਤ ਤੇ ਸਨ ਕਿ ਇਕ ਪਿੰਡ ਵਿਚ ਲਿੰਕ ਰੋਡ 'ਤੇ ਸਾਹਮਣੇ ਤੋਂ ਆਉਂਦਾ ਇਕ ਵਿਅਕਤੀ ਵਿਖਾਈ ਦਿੱਤਾ ਜੋ ਕਿ ਪੁਲਿਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਖਿਸਕਣ ਲੱਗਾ ਤਾਂ ਸਾਥੀ ਕਰਮਚਾਰੀਆਂ ਦੀ ਸਹਾਇਤਾ ਨਾਲ ਉਸ ਨੂੰ ਕਾਬੂ ਕਰਕੇ ਤਲਾਸ਼ੀ ਲਈ ਗਈ ਤਾਂ ਉਸ ਪਾਸੋਂ 7 ਗਰਾਮ ਹੈਰੋਇਨ ਬਰਾਮਦ ਹੋਈ। ਏ.ਐੱਸ.ਆਈ.ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਪੁੱਛਗਿੱਛ ਕਰਨ 'ਤੇ ਦੋਸ਼ੀ ਨੇ ਆਪਣਾ ਨਾਮ ਕਮਲ ਹੀਰ ਸਿੰਘ ਪੁੱਤਰ ਛਿੰਦਾ ਸਿੰਘ ਵਾਸੀ ਪਿੰਡ ਬੁੱਟਰ ਰੌਸ਼ਨ ਸ਼ਾਹ ਵਾਲਾ ਦੱਸਿਆ। ਜਿਸ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਖ਼ਿਲਾਫ਼ ਥਾਣਾ ਸਦਰ ਜ਼ੀਰਾ ਵਿਖੇ ਐਨ.ਡੀ.ਪੀ.ਐੱਸ.ਐਕਟ ਦੇ ਤਹਿਤ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

SBS COLLEGE OF NURSING, SODEWALA, FEROZEPUR
Direct Counselling at College Campus with eligibilty as per PNRC
Date 30.10.2025 (Thursday) (Time 09.00am)
• **ANM & GNM NURSING**
Ph. No. 97811-28862, 61

College of Nursing
Adesh Institute of Medical Sciences & Research, Bathinda
NH-7, Barnala Road, Bathinda | Mob 90808-57337
conursing@adeshuniversity.ac.in | www.adeshuniversity.ac.in

NOTICE

Semi Online Counselling for leftover seats for GNM course (Session 2025-26) for College of Nursing, Adesh Institute of Medical Sciences and Research, Bathinda will be conducted at institute level as per following schedule.
Only those candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi online counseling and joining of candidates for GNM course (Session 2025-26) for College of Nursing, Adesh Institute of Medical Sciences and Research, Bathinda	29/10/2025 to 31/10/2025

PNRC Helpline for Counselling
+91 62836-18852 (Mon-Fri, 9 am-5 pm) | admissionspnrc@gmail.com

Principal, College of Nursing,
Adesh Institute of Medical Sciences and Research, Bathinda

'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

ਫਾਜ਼ਿਲਕਾ/ਫ਼ਿਰੋਜ਼ਪੁਰ

ਸ. ਦਵਿੰਦਰਪਾਲ ਸਿੰਘ 98729-03544
ਡੈਡ ਹਾਊਸ ਰੋਡ, ਸਬ ਜੇਲ੍ਹ ਦੇ ਪਿੱਛੇ 01638-500325

4 ਗਰਾਮ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ

ਮੱਖੂ, 28 ਅਕਤੂਬਰ (ਵਰਿੰਦਰ ਮਨਚੰਦਾ)-ਥਾਣਾ ਮੱਖੂ ਪੁਲਿਸ ਨੇ ਗਸ਼ਤ ਕਰਦੇ ਹੋਏ ਦੋ ਵਿਅਕਤੀਆਂ ਨੂੰ 4 ਗਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਸਹਾਇਕ ਥਾਣੇਦਾਰ ਲਖਵੀਰ ਸਿੰਘ ਅਨੁਸਾਰ ਉਹ ਸਾਥੀ ਕਰਮਚਾਰੀਆਂ ਨਾਲ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਖੇਤਰ ਮੱਖੂ ਰਵਾਨਾ ਸੀ। ਜਦ ਪੁਲਿਸ ਪਾਰਟੀ ਰਣਜੀਤ ਚੌਕ 'ਤੇ ਮੋਨ ਰੋਡ ਨੂੰ ਜਾ ਰਹੀ ਸੀ ਤਾਂ ਸ਼ਮਸ਼ਾਨਘਾਟ ਦੇ ਕੋਲ ਦੋ ਨੌਜਵਾਨ ਇਕ-ਦੂਜੇ ਨੂੰ ਮੋਮੀ ਲਿਫ਼ਾਫ਼ਾ ਵਿਚ ਕੋਈ ਵਸਤੂ ਫੜਾ ਰਹੇ ਸੀ, ਜੋ ਪੁਲਿਸ ਪਾਰਟੀ ਨੂੰ ਵੇਖ ਕੇ ਖਿਸਕਣ ਲੱਗੇ। ਜਿਨ੍ਹਾਂ ਨੂੰ ਸਹਾਇਕ ਥਾਣੇਦਾਰ ਵਲੋਂ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ 4 ਗਰਾਮ ਹੈਰੋਇਨ ਬਰਾਮਦ ਕੀਤੀ ਗਈ। ਉਕਤ ਦੀ ਪਛਾਣ ਬੂਟਾ ਸਿੰਘ ਵਾਸੀ ਮੋਹਕਮ ਅਰਾਈਆਂ ਵਾਲਾ ਮੱਖੂ, ਜਰਮਨਜੀਤ ਸਿੰਘ ਵਾਸੀ ਬਸਤੀ ਵਸਾਵਾ ਸਿੰਘ ਮੱਖੂ ਵਜੋਂ ਹੋਈ। ਜਿਨ੍ਹਾਂ ਖ਼ਿਲਾਫ਼ ਪੁਲਿਸ ਨੇ ਮੁਕੱਦਮਾ ਦਰਜ ਕਰ ਲਿਆ ਹੈ।

ਐੱਸ.ਡੀ.ਐੱਮ ਜ਼ੀਰਾ ਦੇ ਦਫ਼ਤਰੀ ਕਾਮੇ ਹੜਤਾਲ ਦੌਰਾਨ। ਤਸਵੀਰ-ਪ੍ਰਤਾਪ ਸਿੰਘ ਹੀਰਾ

-ਮਾਮਲਾ ਦਫ਼ਤਰੀ ਸਟਾਫ਼ ਨੂੰ ਬੰਧਕ ਬਣਾਉਣ ਦਾ-

ਐੱਸ.ਡੀ.ਐੱਮ. ਜ਼ੀਰਾ ਦੇ ਦਫ਼ਤਰੀ ਕਾਮਿਆਂ ਨੇ ਲਾਇਆ ਰੋਸ ਧਰਨਾ

ਜ਼ੀਰਾ, 28 ਅਕਤੂਬਰ (ਪ੍ਰਤਾਪ ਸਿੰਘ ਹੀਰਾ)-ਬੀਤੇ ਦਿਨੀਂ ਅਧਿਆਪਕ ਯੂਨੀਅਨ ਵਲੋਂ ਕਿਸਾਨਾਂ ਵਲੋਂ ਅੱਗ ਲਾਉਣ ਸਬੰਧੀ ਲਗਾਈਆਂ ਡਿਊਟੀਆਂ ਨੂੰ ਕਟਾਉਣ ਲਈ ਐੱਸ.ਡੀ.ਐੱਮ ਦਫਤਰ ਜ਼ੀਰਾ ਅੱਗੇ ਰੋਸ ਧਰਨਾ ਲਗਾਇਆ ਗਿਆ ਸੀ,